ਦਫਤਰ ਨਗਰ ਨਿਗਮ ਫਗਵਾੜਾ
OFFICE OF THE MUNICIPAL CORPORATION PHAGWARA
TOWN HALL PARK, PHAGWARA-144401
Office: 01824-260426
Website: www.mcphagwara.co.in Email: cmcphagwara123@gmail.com

ਸੇਵਾ ਵਿਖੇ,

ਡਾਇਰੈਕਟਰ,
ਸਥਾਨਕ ਸਰਕਾਰ ਵਿਭਾਗ, ਪੰਜਾਬ,
ਚੰਡੀਗੜ੍ਹ।

ਨੰਬਰ: ......2150..  ਮਿਤੀ: .......24/7/23

ਵਿਸ਼ਾ:- ਕਮਿਸ਼ਨਰ, ਨਗਰ ਨਿਗਮ ਫਗਵਾੜਾ ਜੀ ਵੱਲੋਂ ਮਿਤੀ 20/07/2023 ਨੂੰ ਪਾਸ ਕੀਤੇ ਗਏ ਹੁਕਮਾਂ ਦੀ ਨਕਲ ਸੂਚਨਾ ਹਿੱਤ ਭੇਜਣ ਸਬੰਧੀ।

ਉਪਰੋਕਤ ਵਿਸ਼ੇ ਸਬੰਧੀ ਕਮਿਸ਼ਨਰ, ਨਗਰ ਨਿਗਮ, ਫਗਵਾੜਾ ਜੀ ਵੱਲੋਂ ਪਾਸ ਕੀਤੇ ਗਏ ਹੁਕਮ ਨੰ: 52 ਮਿਤੀ 20/07/2023 ਦੀ ਨਕਲ ਆਪ ਜੀ ਨੂੰ ਸੂਚਨਾ ਅਤੇ ਅਗਲੇਰੀ ਕਾਰਵਾਈ ਹਿੱਤ ਭੇਜੀ ਜਾਂਦੀ ਹੈ ਜੀ।

ਨੱਥੀ:- ਉਕਤ ਅਨੁਸਾਰ

ਅਜੰਡਾ ਸੁਪਰਡੰਟ,
ਨਗਰ ਨਿਗਮ, ਫਗਵਾੜਾ।

ਪਿੱਠ ਅੰਕਣ ਨੰ: 2151-2154  ਮਿਤੀ: 24/7/23

ਉਪਰੋਕਤ ਦਾ ਇੱਕ ਉਤਾਰਾ:-

1. ਮਾਨਯੋਗ ਡਵੀਜ਼ਨਲ ਕਮਿਸ਼ਨਰ, ਜਲੰਧਰ ਮੰਡਲ, ਜਲੰਧਰ ਜੀ ਨੂੰ ਸੂਚਨਾਂ ਹਿੱਤ।
2. ਮਾਨਯੋਗ ਡਿਪਟੀ ਕਮਿਸ਼ਨਰ,ਕਪੂਰਥਲਾ ਜੀ ਨੂੰ ਸੂਚਨਾਂ ਹਿੱਤ।
3. ਮਾਨਯੋਗ ਕਮਿਸ਼ਨਰ, ਨਗਰ ਨਿਗਮ, ਫਗਵਾੜਾ ਜੀ ਨੂੰ ਸੂਚਨਾਂ ਹਿੱਤ।
4. ਸਬੰਧਤ ਅਧਿਕਾਰੀ ਨੂੰ ਸੂਚਨਾਂ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਅਜੰਡਾ ਸੁਪਰਡੰਟ,
ਨਗਰ ਨਿਗਮ, ਫਗਵਾੜਾ।

ਦਫਤਰ ਨਗਰ ਨਿਗਮ ਫਗਵਾੜਾ
OFFICE OF THE MUNICIPAL CORPORATION PHAGWARA
TOWN HALL PARK, PHAGWARA-144401
Office: 01824-260426 - Fax: 01824-223260
Website: www.mcphagwara.com Email: comm.mcpgr@punjab.gov.in

ਮਿਤੀ 20/07/2023 ਨੂੰ ਡਾ. ਨਯਨ ਪੀ.ਸੀ.ਐਸ. ਕਮਿਸ਼ਨਰ, ਨਗਰ ਨਿਗਮ, ਫਗਵਾੜਾ ਵੱਲੋ ਹੇਠ ਲਿਖੇ ਅਨੁਸਾਰ ਪ੍ਰਸ਼ਾਸਕੀ ਹੁਕਮ ਪਾਸ ਕੀਤੇ ਗਏ।

| ਲੜੀ ਨੰ. | ਮਤਾ ਨੰ. ਅਤੇ ਮਿਤੀ | ਮਤੇ ਦਾ ਵੇਰਵਾ | ਕਿਰਪਾ ਕਰਕੇ ਸੁਨਿਸ਼ਚਿਤ ਕੀਤਾ ਜਾਵੇ ਕਿ ਮਿਤੀ 10.10.2022 ਰਾਹੀਂ ਪਾਸ ਕੀਤੇ ਗਏ ਨਿਰਦੇਸ਼ ਦੇ ਕਿਸ ਪੁਆਇੰਟ ਤਹਿਤ ਇਹ ਮਤਾ ਦੀ ਤਜਵੀਜ ਕੀਤੀ ਗਈ ਹੈ। | ਕਮਿਸ਼ਨਰ/ਕਾਰਜ ਸਾਧਕ ਅਫਸਰ ਦੁਆਰਾ ਕੀਤੀ ਗਈ ਟਿੱਪਣੀ |
|---|---|---|---|---|
| 1 | 52<br>20/07/2023 | ਰਿਪੋਰਟ ਵੱਲੋ ਨਿਗਰਾਨ ਇੰਜੀਨੀਅਰ ਕਿ **Construction of C.C. flooring in Professor Colony ,old Patel Nagar of Ward No. 8 ਤਖਮੀਨਾ ਲਾਗਤ 15.00 ਲੱਖ** ਦਾ ਕੰਮ Friends Co-Op L/C Society Ltd. ਨੂੰ ਵਰਕ ਆਰਡਰ ਨੰ: 10/ਸੀ.ਈ./ ਮਿਤੀ 05/05/22 ਰਾਹੀਂ ਅਲਾਟ ਕੀਤਾ ਗਿਆ ਸੀ। ਇਹ ਕੰਮ ਸਬੰਧਤ ਸੁਸਾਇਟੀ ਵੱਲੋਂ ਕੰਮ 20% ਕੀਤਾ ਜਾ ਚੁੱਕਾ ਹੈ। ਇੱਥੇ ਇਹ ਦੱਸਿਆ ਜਾਂਦਾ ਹੈ ਕਿ ਅਰਬਨ ਅਸਟੇਟ ਪਾਰਕ ਦੇ ਨਜਦੀਕ ਰਹਿੰਦੇ ਵਸਨੀਕਾਂ ਵੱਲੋਂ ਦਫਤਰ ਵਿਖੇ ਆ ਕੇ ਬੇਨਤੀ ਕੀਤੀ ਗਈ ਹੈ ਕਿ ਪਾਰਕ ਦੇ ਆਲੇ-ਦੁਆਲੇ ਦੇ ਏਰੀਏ ਦੀ ਹਾਲਤ ਬਹੁਤ ਖਸਤਾ ਹੈ। ਇਸ ਕਾਰਣ ਲੋਕਾਂ ਨੂੰ ਮੁਸ਼ਕਿਲ ਵੀ ਪੇਸ਼ ਆਉਂਦੀ ਹੈ। ਇਸ ਜਗ੍ਹਾ ਦਾ ਮੌਕਾ ਵੇਖਿਆ ਗਿਆ ਹੈ ਅਤੇ ਮੌਕੇ ਤੇ ਸੀ.ਸੀ. ਦਾ ਕੰਮ ਕਰਵਾਉਣ ਦੀ ਜਰੂਰਤ ਹੈ। ਇਸ ਤੋਂ ਇਲਾਵਾ ਦੱਸਿਆ ਜਾਂਦਾ ਹੈ ਕਿ ਮਾਡਲ ਟਾਊਨ ਨਜਦੀਕ BSNL ਦਫਤਰ ਅਤੇ ਨਾਲ ਲਗਦੇ ਏਰੀਏ ਵਿੱਚ ਸੜਕ ਦੇ ਸਾਈਡਾਂ ਤੇ ਬਰਸਾਤੀ ਪਾਣੀ ਖੜ੍ਹਾ ਹੋ ਜਾਂਦਾ ਹੈ । ਇਸ ਲਈ ਲੋਕ ਹਿੱਤ ਨੂੰ ਮੁੱਖ ਰੱਖਦੇ ਹੋਏ ਇਹਨਾਂ ਸਾਈਡਾਂ ਨੂੰ ਪੱਕਾ ਕਰਨ ਦੀ ਵੀ ਜਰੂਰਤ ਹੈ। ਇਸ ਲਈ ਉਕਤ ਕੰਮ ਵਿੱਚੋਂ ਇਸ ਪਾਰਕ ਦੇ ਆਸ-ਪਾਸ ਦੇ ਏਰੀਏ ਨੂੰ ਪੱਕਾ ਕਰਨ ਅਤੇ ਮਾਡਲ- ਟਾਊਨ ਵਿਖੇ ਕੰਮ ਕਰਨ ਦੀ ਤਜਵੀਜ ਹੈ। ਸਬੰਧਤ ਸੁਸਾਇਟੀ ਇਹ ਕੰਮ ਪ੍ਰਵਾਨ ਕੀਤਾ ਗਏ ਰੇਟਾਂ ਤੇ ਕਰਨ ਲਈ ਤਿਆਰ ਹੈ। ਇੱਥੇ ਦੱਸਣ ਯੋਗ ਹੈ ਕਿ ਸਥਾਨਕ ਸਰਕਾਰ ਵਿਭਾਗ, ਪੰਜਾਬ ਵੱਲੋਂ ਜਾਰੀ ਨੋਟੀਫਿਕੇਸ਼ਨ ਨੰਬਰ 5/71/2017/MEO/DA/334 ਮਿਤੀ 23-03-2020 ਰਾਂਹੀ ਹਾਊਸ ਦੀਆਂ ਸਾਰੀਆਂ ਸ਼ਕਤੀਆਂ ਕਮਿਸ਼ਨਰ ਨਗਰ ਨਿਗਮ ਜੀ ਨੂੰ ਦਿੱਤੀਆਂ ਗਈਆਂ ਸਨ। ਇਸ ਲਈ ਉਕਤ ਨੂੰ ਮੁੱਖ ਰੱਖਦੇ ਹੋਏ ਵਿਸ਼ਾ ਅਧੀਨ ਕੰਮ ਦੀ ਸਾਈਟ ਬਦਲ ਕੇ ਕੰਮ ਕਰਨ ਲਈ ਨਗਰ ਨਿਗਮ ਦੀ ਪ੍ਰਸ਼ਾਸਕੀ ਪ੍ਰਵਾਨਗੀ ਹਿੱਤ ਰਿਪੋਰਟ ਪੇਸ਼ ਹੈ ਜੀ। | ------ | ਸੂਚਨਾ ਹਿੱਤ। |

ਤਸਦੀਕੀ ਕਾਪੀ

ਅਜੰਡਾ ਸੁਪਰਡੰਟ,
ਨਗਰ ਨਿਗਮ, ਫਗਵਾੜਾ